VIGILANCE BUREAU PUNJAB

# VIGILANCE BUREAU NABS ASI FOR TAKING RS 10,000 BRIBE

Chandigarh June 11, 2024 - The Punjab Vigilance Bureau (VB), during its drive against corruption in the state, on Tuesday has apprehended an Assistant Sub Inspector of Police (ASI) Nirmal Singh, posted at police station Dhanola, Barnala district while accepting a bribe of Rs 10,000.

Disclosing this here today a spokesperson of the state VB said the above mentioned accused has been arrested on a complaint lodged by Rajesh Kumar.

He further added that the complainant has approached the VB and informed that a police case was registered at police station Dhanola against her cousin and the said ASI has demanded a bribe of Rs 10,000 from him otherwise he would also be booked in this case.

The spokesperson added that after preliminary verification of this complaint the VB team laid a trap and ASI Nirmal Singh was arrested red handed while accepting a bribe of Rs 10000 from the complainant in the presence of two official witnesses.

In this regard a case under prevention of corruption act has been registered at VB police station Patiala range.

The accused would be produced in the competent court tomorrow and further investigation into this case was under progress, he added.

------------

# ਵਿਜੀਲੈਂਸ ਬਿਊਰੋ ਪੰਜਾਬ

## ਵਿਜੀਲੈਂਸ ਬਿਊਰੋ ਨੇ ਏ.ਐਸ.ਆਈ ਨੂੰ 10,000 ਰੁਪਏ ਰਿਸ਼ਵਤ ਲੈਂਦਿਆਂ ਕੀਤਾ ਕਾਬੂ

ਚੰਡੀਗੜ੍ਹ, 11 ਜੂਨ, 2024 – ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਮੰਗਲਵਾਰ ਨੂੰ ਬਰਨਾਲਾ ਜ਼ਿਲ੍ਹੇ ਦੇ ਥਾਣਾ ਧਨੌਲਾ ਵਿਖੇ ਤਾਇਨਾਤ ਇੱਕ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਨਿਰਮਲ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਰਾਜ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਮੁਲਜ਼ਮ ਨੂੰ ਰਾਜੇਸ਼ ਕੁਮਾਰ ਦੀ ਸ਼ਿਕਾਇਤ ’ਤੇ ਗ੍ਰਿਫਤਾਰ ਕੀਤਾ ਗਿਆ ਹੈ। ਉਸਨੇ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਸੰਪਰਕ ਕਰਕੇ ਦੱਸਿਆ ਹੈ ਕਿ ਉਸਦੇ ਚਚੇਰੇ ਭਰਾ ਖਿਲਾਫ ਥਾਣਾ ਧਨੌਲਾ ਵਿਖੇ ਪੁਲਿਸ ਕੇਸ ਦਰਜ ਹੈ ਅਤੇ ਉਕਤ ਏ.ਐਸ.ਆਈ ਨੇ ਉਸ ਪਾਸੋਂ 10,000 ਰੁਪਏ ਦੀ ਰਿਸ਼ਵਤ ਦੀ ਮੰਗ ਕੀਤੀ ਹੈ ਨਹੀਂ ਤਾਂ ਉਸਦੇ ਖਿਲਾਫ ਵੀ ਮਾਮਲਾ ਦਰਜ ਕੀਤਾ ਜਾਵੇਗਾ।

ਬੁਲਾਰੇ ਨੇ ਅੱਗੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਪੜਤਾਲ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਅਤੇ ਏਐਸਆਈ ਨਿਰਮਲ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 10000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਇਸ ਸਬੰਧੀ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਕੇਸ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਮੁਲਜ਼ਮ ਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ ਅਤੇ ਇਸ ਮਾਮਲੇ ਦੀ ਅਗਲੇਰੀ ਕਾਰਵਾਈ ਜਾਰੀ ਹੈ।

---------